# ਆਕਾਸ਼ਵਾਣੀ ਜਲੰਧਰ

# ਪ੍ਰਦੇਸਕ ਖਬਰਾਂ ਪੰਜਾਬੀ

**18:20**

**ਮਿਤੀ : 12-10-2026**

## <u>ਪਹਿਲਾਂ ਬੁਲੇਟਿਨ ਦੀਆਂ ਖ਼ਾਸ ਖਬਰਾਂ</u>

- ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੇ ਪੰਜਾਬ ਅਤੇ ਚੰਡੀਗੜ੍ਹ ਸਮੇਤ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਅਪੀਲ ਕੀਤੀ ਏ ਕਿ ਉਹ, ਸਿਹਤ ਕੇਂਦਰਾਂ ਵਲੋਂ ਸੇਵਾਵਾਂ ਅਤੇ ਸਹੂਲਤਾਂ ਲਈ ਚਾਰਜ ਕੀਤੀਆਂ ਜਾਣ ਵਾਲੀਆਂ ਦਰਾਂ ਨੂੰ ਦਰਸਾਉਣਾ ਯਕੀਨੀ ਬਣਾਉਣ।

- ਪੰਜਾਬ ਵਿੱਚ ਵਿਸ਼ੇਸ਼ ਤੀਬਰ ਸੋਧ ਸੁਧਾਈ-SIR-2026 ਮੁਕੰਮਲ-ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਪ੍ਰਕਾਸ਼ਿਤ ਹੋਈਆਂ।

- ਪੰਜਾਬ ਸਰਕਾਰ ਵਲੋਂ ਪਹੁੰਚ ਤੋਂ ਦੂਰ ਵਾਲੇ ਇਲਾਕਿਆਂ ਵਿੱਚ ਮੱਛਰਾਂ ਦੇ ਲਾਰਵੇ ਨੂੰ ਨਸ਼ਟ ਕਰਨ ਲਈ ਉੱਨਤ ਡਰੋਨਾਂ ਦੀ ਵਰਤੋਂ ਦੀ ਸ਼ੁਰੂਆਤ।

- ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਅੱਜ ਚੰਡੀਗੜ੍ਹ ਵਿਖੇ ਸੂਚਨਾ ਦਾ ਅਧਿਕਾਰ ਦਿਵਸ ਮਨਾਉਣ ਲਈ ਵਿਸ਼ੇਸ਼ ਸਮਾਗਮ ਦਾ ਆਯੋਜਨ।

- ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ' ਮੋਹਾਲੀ ਦੀਆਂ 17 ਮਹਿਲਾ ਕੈਡਿਟਾਂ ਨੇ ਐਨਡੀਏ ਦੀ ਲਿਖਤੀ ਪ੍ਰੀਖਿਆ ਪਾਸ ਕਰਕੇ ਵੱਡੀ ਉਪਲਬਧੀ ਹਾਸਿਲ ਕੀਤੀ।

- ਪਟਿਆਲਾ ਖੇਡ ਵਿਭਾਗ ਵੱਲੋਂ ਏਸ਼ਿਆਈ ਖੇਡਾਂ ਵਿੱਚ ਦੋ ਕਾਂਸੀ ਦੇ ਤਮਗੇ ਜਿੱਤਣ ਵਾਲੀ ਨਿਸ਼ਾਨੇਬਾਜ਼ ਪਰੀਨਾਜ਼ ਧਾਲੀਵਾਲ ਦਾ ਸਨਮਾਨ।

## ਹੁਣ ਖਬਰਾਂ ਵਿਸਥਾਰ ਨਾਲ

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੇ ਪਾਰਦਰਸ਼ਤਾ, ਜਵਾਬਦੇਹੀ ਅਤੇ ਮਰੀਜ਼-ਕੇਂਦ੍ਰਿਤ ਸਿਹਤ ਸੰਭਾਲ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਪੰਜਾਬ ਅਤੇ ਚੰਡੀਗੜ੍ਹ ਸਮੇਤ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਅਪੀਲ ਕੀਤੀ ਏ ਕਿ ਉਹ ਸਿਹਤ ਕੇਂਦਰਾਂ ਵਲੋਂ ਪੇਸ਼ ਕੀਤੀਆਂ ਜਾਂਦੀਆਂ ਸੇਵਾਵਾਂ ਅਤੇ ਸਹੂਲਤਾਂ ਲਈ ਚਾਰਜ ਕੀਤੀਆਂ ਜਾਣ ਵਾਲੀਆਂ ਦਰਾਂ ਨੂੰ ਦਰਸਾਉਣਾ

ਯਕੀਨੀ ਬਣਾਉਣ । ਇਹ ਜ਼ਿਕਰ ਵੀ ਕੀਤਾ ਗਿਆ ਏ ਕਿ ਦਰਾਂ ਨੂੰ ਦਰਸਾਉਣਾ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਲਾਜ ਦੀ ਸੰਭਾਵਿਤ ਲਾਗਤ ਨੂੰ ਸਮਝਣ, ਸੂਚਿਤ ਸਿਹਤ ਸੰਭਾਲ ਫੈਸਲੇ ਲੈਣ ਅਤੇ ਉਨ੍ਹਾਂ ਦੇ ਡਾਕਟਰੀ ਖਰਚ ਦੀ ਯੋਜਨਾ ਬਣਾਉਣ ਵਿੱਚ ਮਦਦ ਕਰੇਗਾ। ਕੇਂਦਰੀ ਸਿਹਤ ਸਕੱਤਰ ਪੁਣਯ ਸਲੀਲਾ ਸ਼੍ਰੀਵਾਸਤਵ ਵਲੋਂ ਮੁੱਖ ਸਕੱਤਰਾਂ ਨੂੰ ਲਿਖੇ ਪੱਤਰ ਵਿਚ ਅੰਤਰ-ਰਾਸ਼ਟਰੀ ਮਰੀਜ਼ਾਂ ਲਈ ਸਿਹਤ ਸੰਭਾਲ ਕੀਮਤਾਂ ਵਿੱਚ ਪਾਰਦਰਸ਼ਤਾ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤੋ ਗਿਆ ਏ । ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਬੇਨਤੀ ਕੀਤੀ ਗਈ ਏ ਕਿ ਉਹ ਮੈਡੀਕਲ ਜਾਂ ਆਯੂਸ਼ ਵੀਜ਼ਾ 'ਤੇ ਭਾਰਤ ਦੀ ਯਾਤਰਾ ਕਰਨ ਵਾਲੇ ਵਿਦੇਸ਼ੀ ਮਰੀਜ਼ਾਂ ਨੂੰ ਪੇਸ਼ ਕੀਤੀਆਂ ਜਾਣ ਵਾਲੀਆਂ ਪੈਕੇਜ ਦਰਾਂ ਦੇ ਪ੍ਰਮੁੱਖ ਪ੍ਰਦਰਸ਼ਨ ਨੂੰ, ਜਿੱਥੇ ਵੀ ਲਾਗੂ ਹੋਵੇ, ਉਤਸ਼ਾਹਿਤ ਕਰਨ। ਇਹ ਪਹਿਲ ਭਾਰਤ ਸਰਕਾਰ ਦੀ ਸਿਹਤ ਸੰਭਾਲ ਸਪੁਰਦਗੀ ਨੂੰ ਵਧੇਰੇ ਪਾਰਦਰਸ਼ੀ, ਜਵਾਬਦੇਹ ਅਤੇ ਮਰੀਜ਼ਾਂ ਦੀਆਂ ਜ਼ਰੂਰਤਾਂ ਪ੍ਰਤੀ ਜਵਾਬਦੇਹ ਬਣਾਉਣ ਦੀ ਵਚਨਬੱਧਤਾ ਨੂੰ ਮਜ਼ਬੂਤ ਕਰਦੀ ਏ ।

---

ਪੰਜਾਬ ਵਿੱਚ, ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਵਿਸ਼ੇਸ਼ ਤੀਬਰ ਸੋਧ-SIR ਅਭਿਆਸ ਤੋਂ ਬਾਅਦ ਅੰਤਿਮ ਵੋਟਰ ਸੂਚੀਆਂ ਅੱਜ ਪ੍ਰਕਾਸ਼ਿਤ ਕੀਤੀਆਂ ਗਈਆਂ ਨੇ । ਸੂਬੇ ਵਿੱਚ ਵੋਟਰਾਂ ਦੀ ਕੁੱਲ ਗਿਣਤੀ 13 ਅਗਸਤ ਨੂੰ ਪਹਿਲਾਂ ਪ੍ਰਕਾਸ਼ਿਤ ਖਰੜਾ ਸੂਚੀ ਵਿੱਚ ਜ਼ਿਕਰ ਕੀਤੇ ਗਏ 1 ਕਰੋੜ

93 ਲੱਖ 94 ਹਜ਼ਾਰ 435 ਦੇ ਮੁਕਾਬਲੇ, 2 ਕਰੋੜ, 1 ਲੱਖ 727 ਹੋ ਗਈ ਏ ਜੋ ਕਿ 3.64 ਫੀਸਦ ਦਾ ਵਾਧਾ ਦਰਸਾਉਂਦੀ ਏ। ਇਹ ਯੋਗ ਵੋਟਰ ਹੁਣ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਆਪਣੀ ਵੋਟ ਦੀ ਵਰਤੋਂ ਕਰ ਸਕਣਗੇ। ਹੁਣ ਕੁੱਲ ਵੋਟਰਾਂ ਵਿੱਚ 1 ਕਰੋੜ, 3 ਲੱਖ, 76 ਹਜ਼ਾਰ 26 ਮਰਦ , 97 ਲੱਖ, 24 ਹਜ਼ਾਰ 195 ਔਰਤਾਂ ਅਤੇ 506 ਟਰਾਂਸਜੈਂਡਰ ਵੋਟਰ ਸ਼ਾਮਲ ਹਨ। ਅੰਤਿਮ ਵੋਟਰ ਸੂਚੀਆਂ ਜ਼ਿਲ੍ਹਾ ਚੋਣ ਅਧਿਕਾਰੀਆਂ (DEOs), ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ ਦੇ ਦਫ਼ਤਰਾਂ ਅਤੇ ਬੂਥ ਪੱਧਰੀ ਅਧਿਕਾਰੀਆਂ ਕੋਲ ਉਪਲਬਧ ਹਨ। ਇਹਨਾਂ ਨੂੰ ਪੰਜਾਬ ਮੁੱਖ ਚੋਣ ਅਧਿਕਾਰੀ, ਦੀ ਅਧਿਕਾਰਤ ਵੈੱਬਸਾਈਟ ਅਤੇ ਨਾਗਰਿਕ ਸੇਵਾ ਪੋਰਟਲ voters.eci.gov.in ਤੋਂ ਵੀ ਡਾਊਨਲੋਡ ਕੀਤਾ ਜਾ ਸਕਦਾ ਏ। ਵੇਰਵੇ ਸਾਂਝੇ ਕਰਦੇ ਹੋਏ, ਮੁੱਖ ਚੋਣ ਅਧਿਕਾਰੀ, ਅਨਿੰਦਿਤਾ ਮਿੱਤਰਾ ਨੇ ਕਿਹਾ ਕਿ ਸਾਰੇ ਯੋਗ ਵੋਟਰਾਂ ਤੱਕ ਪਹੁੰਚਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਗਈ ਏ।

ਸੇਵਾ ਵੋਟਰਾਂ ਨਾਲ ਸਬੰਧਤ ਵਿਸ਼ੇਸ਼ ਸੰਖੇਪ ਸੋਧ ਦੀ ਅੰਤਿਮ ਵੋਟਰ ਸੂਚੀ, 1 ਅਕਤੂਬਰ ਨੂੰ ਯੋਗਤਾ ਤਰੀਕ ਵਜੋਂ ਦਰਸਾਉਂਦੇ ਹੋਏ, ਅੱਜ ਪ੍ਰਕਾਸ਼ਿਤ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਸਾਰੇ ਜ਼ਿਲ੍ਹਿਆਂ ਵਿੱਚ ਵੋਟਰਾਂ ਦੀ ਆਸਾਨ ਪਹੁੰਚ ਲਈ ਪੋਲਿੰਗ ਸਟੇਸ਼ਨਾਂ ਦੀ ਗਿਣਤੀ ਵੀ 24 ਹਜ਼ਾਰ 453 ਤੋਂ ਵਧਾ ਕੇ 25 ਹਜ਼ਾਰ 332 ਕਰ ਦਿੱਤੀ ਗਈ ਏ।

-----------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੰਗਰੂਰ ਦੇ ਪੁਲਿਸ ਲਾਈਨਜ਼ ਸਥਿਤ ਸਕੇਟਿੰਗ ਰਿੰਕ ਦਾ ਦੌਰਾ ਕੀਤਾ । ਇਸ ਮੌਕੇ ਮੁੱਖ ਮੰਤਰੀ ਮਾਨ ਨੇ ਨੌਜਵਾਨ ਐਥਲੀਟਾਂ ਅਤੇ ਸਕੇਟਿੰਗ ਐਥਲੀਟਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦਾ ਹੌਸਲਾ ਵਧਾਇਆ। ਮੁੱਖ ਮੰਤਰੀ ਨੇ ਕਿਹਾ

BYTE

ਇਸ ਮੀਟਿੰਗ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਖੇਡਾਂ ਅਤੇ ਤੰਦਰੁਸਤੀ ਪ੍ਰਤੀ ਉਤਸ਼ਾਹਿਤ ਕਰਨਾ ਅਤੇ ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨਾ ਏ ।

---------------------------------------------------------

ਵੈਕਟਰ-ਬੋਰਨ ਬਿਮਾਰੀਆਂ ਵਿਰੁੱਧ ਲੜਾਈ ਵਿੱਚ ਆਧੁਨਿਕ ਹਵਾਈ ਤਕਨਾਲੋਜੀ ਦੀ ਵਰਤੋਂ ਕਰਨ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ, ਪੰਜਾਬ ਸਰਕਾਰ ਨੇ ਪਹੁੰਚ ਤੋਂ ਦੂਰ ਵਾਲੇ ਇਲਾਕਿਆਂ ਵਿੱਚ ਮੱਛਰਾਂ ਦੇ ਲਾਰਵੇ ਨੂੰ ਨਸ਼ਟ ਕਰਨ ਲਈ ਉੱਨਤ ਡਰੋਨਾਂ ਦੀ ਵਰਤੋਂ ਦੀ ਸ਼ੁਰੂਆਤ ਕੀਤੀ ਏ । ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੇ ਅੱਜ ਮੁੰਬਈ ਦੀ ਕੰਪਨੀ ਮੈਸਰਜ਼ ਕਿਰਨ ਕਾਰਪੋਰੇਸ਼ਨ/ ਨਾਲ ਸਮਝੌਤਾ ਸਹੀਬੱਧ ਕੀਤਾ ਏ ਜਿਸ ਤਹਿਤ ਪਟਿਆਲਾ ਜ਼ਿਲ੍ਹੇ ਦੇ ਡੇਂਗੂ ਪ੍ਰਭਾਵਿਤ ਖੇਤਰਾਂ ਵਿੱਚ 60 ਦਿਨਾਂ ਦੀ ਐਮਰਜੈਂਸੀ ਡਰੋਨ-ਅਧਾਰਿਤ ਲਾਰਵੀ-ਸਾਈਡ ਛਿੜਕਾਅ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਇਸ ਸਮਝੌਤਾ 'ਤੇ

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਦਸਤਖਤ ਕੀਤੇ ਗਏ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਰਕਾਰ ਵੈਕਟਰ ਬੋਰਨ ਬਿਮਾਰੀਆਂ ਦਾ ਮੁਕਾਬਲਾ ਕਰਨ ਲਈ ਕੋਈ ਕਸਰ ਨਹੀਂ ਛੱਡ ਰਹੀ ਏ ਅਤੇ ਇਹਨਾਂ ਬਿਮਾਰੀਆਂ ਨੂੰ ਫੈਲਣ ਤੋਂ ਪਹਿਲਾਂ ਰੋਕਣ ਲਈ ਤਕਨਾਲੋਜੀ-ਅਧਾਰਤ ਦਖਲ ਅਪਣਾ ਰਹੀ ਏ । ਇਸ ਸਮੱਸਿਆ ਦਾ ਨਿਪਟਾਰਾ ਕਰਦਿਆਂ ਡਰੋਨ ਨਾਲ ਹੁਣ ਮੱਛਰਾਂ ਦੇ ਵਧੇਰੇ ਪ੍ਰਜਨਨ ਵਾਲੇ ਸਥਾਨਾਂ ਨੂੰ ਸੁਚੱਜੇ ਢੰਗ ਨਾਲ ਕਵਰ ਕੀਤਾ ਜਾਵੇਗਾ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜਨਤਕ ਸੇਵਾ ਵਿੱਚ 25 ਸਾਲ ਪੂਰੇ ਕਰ ਲਏ ਨੇ । ਇਹ ਯਾਤਰਾ, ਜਨ ਸੇਵਾ ਸੇ ਦੇਸ਼ ਸੇਵਾ ਦੇ ਮੰਤਰ ਰਾਹੀਂ ਪਰਿਭਾਸ਼ਿਤ ਏ, ਅਤੇ ਇੱਕ ਅਣਥੱਕ ਵਚਨਬੱਧਤਾ ਏ ਜੋ ਜਾਰੀ ਏ । ਸੇਵਾ ਅਤੇ ਸੁਸ਼ਾਸਨ ਲਈ ਇਸ ਦ੍ਰਿਸ਼ਟੀਕੋਣ ਤੋਂ ਸੇਧ ਲੈਂਦਿਆਂ, ਸਰਕਾਰ 2047 ਤੱਕ ਵਿਕਸਿਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਨਿਰੰਤਰ ਕੰਮ ਕਰ ਰਹੀ ਏ । ਸਮਾਵੇਸ਼ੀ ਵਿਕਾਸ ਅਤੇ ਸਮਾਜਿਕ ਸ਼ਕਤੀਕਰਨ ਰਾਹੀਂ, ਇਹ ਸਮਰਪਣ ਜੀਵਨ ਨੂੰ ਬਦਲ ਰਿਹਾ ਏ । ਅੱਜ, ਸਾਡੀ ਵਿਸ਼ੇਸ਼ ਲੜੀ ਵਿੱਚ, ਅਸੀਂ ਤੁਹਾਡੇ ਲਈ ਇੱਕ ਮਿਸਾਲ ਲੈ ਕੇ ਆਏ ਹਾਂ ਕਿ ਕਿਵੇਂ ਇਸ ਦ੍ਰਿਸ਼ਟੀਕੋਣ ਨੂੰ "ਤਿੰਨ ਤਲਾਕ- 2019" ਰਾਹੀਂ ਅਮਲ ਵਿੱਚ ਲਿਆਂਦਾ ਗਿਆ ਏ ।

ਹੋਰ ਵੇਰਵੇ ਨਾਲ ਪੇਸ਼ ਏ ਇੱਕ ਰਿਪੋਰਟ

---

ਭਾਰਤ ਵਿੱਚ ਪਹਿਲਾਂ ਇੱਕ ਮੁਸਲਿਮ ਔਰਤ ਨੂੰ ਸਿਰਫ਼ ਤਿੰਨ ਵਾਰ ਤਲਾਕ ਕਹਿ ਕੇ ਤੁਰੰਤ ਤਲਾਕ ਦਿੱਤਾ ਜਾ ਸਕਦਾ ਸੀ। ਇਸ ਲਈ ਨਾ ਕੋਈ ਨੋਟਿਸ ਦੇਣਾ ਪੈਂਦਾ ਸੀ, ਨਾ ਕੋਈ ਕਾਰਨ ਦੱਸਣਾ ਪੈਂਦਾ ਸੀ ਅਤੇ ਨਾ ਹੀ ਇਸ ਤੋਂ ਬਾਅਦ ਔਰਤ ਕੋਲ ਕੋਈ ਕਾਨੂੰਨੀ ਕਾਰਵਾਈ ਦਾ ਰਾਹ ਬਚਦਾ ਸੀ। ਸਾਲ 2019 ਵਿੱਚ ਮੁਸਲਿਮ ਮਹਿਲਾ (ਵਿਆਹ ਦੇ ਅਧਿਕਾਰਾਂ ਦੀ ਸੁਰੱਖਿਆ) ਬਾਰੇ ਕਾਨੂੰਨ ਲਿਆਂਦਾ ਗਿਆ। ਇਸ ਕਾਨੂੰਨ ਤਹਿਤ ਟ੍ਰਿਪਲ ਤਲਾਕ ਦੀ ਪ੍ਰਥਾ ਨੂੰ ਗੈਰ-ਕਾਨੂੰਨੀ ਕਰਾਰ ਦਿੰਦਿਆਂ, ਖ਼ਤਮ ਕਰ ਦਿੱਤਾ ਗਿਆ। ਨਾਲ ਹੀ, ਅਜਿਹਾ ਕਰਨ ਵਾਲੇ ਵਿਅਕਤੀ ਲਈ ਤਿੰਨ ਸਾਲ ਤੱਕ ਦੀ ਕੈਦ ਅਤੇ ਜੁਰਮਾਨੇ ਦੀ ਵਿਵਸਥਾ ਕੀਤੀ ਗਈ। ਇਹ ਕਾਨੂੰਨ ਸਿਰਫ਼ ਟ੍ਰਿਪਲ ਤਲਾਕ 'ਤੇ ਰੋਕ ਲਾਉਣ ਤੱਕ ਹੀ ਸੀਮਤ ਨਹੀਂ ਸੀ। ਇਸ ਨੇ ਔਰਤਾਂ ਨੂੰ ਆਪਣੇ ਗੁਜ਼ਾਰੇ ਲਈ ਭੱਤਾ ਲੈਣ ਅਤੇ ਨਾਬਾਲਗ ਬੱਚਿਆਂ ਦੀ ਕਸਟਡੀ ਹਾਸਲ ਕਰਨ ਦਾ ਅਧਿਕਾਰ ਵੀ ਦਿੱਤਾ। ਇਸ ਸੁਧਾਰ ਰਾਹੀਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਹ ਸੰਦੇਸ਼ ਦਿੱਤਾ ਕਿ ਸੰਵਿਧਾਨ ਵੱਲੋਂ ਮਿਲੇ ਅਧਿਕਾਰ, ਹਰ ਭਾਰਤੀ ਔਰਤ ਲਈ ਬਰਾਬਰ ਨੇ, ਭਾਵੇਂ ਉਹ ਕਿਸੇ ਵੀ ਧਰਮ ਨਾਲ ਸਬੰਧਤ ਹੋਵੇ।
ਸਰਕਾਰੀ ਅੰਕੜਿਆਂ ਮੁਤਾਬਕ, ਇਸ ਕਾਨੂੰਨ ਦੇ ਲਾਗੂ ਹੋਣ ਦੇ ਇੱਕ ਸਾਲ ਦੇ ਅੰਦਰ-ਅੰਦਰ, ਟ੍ਰਿਪਲ ਤਲਾਕ ਦੇ ਦਰਜ ਮਾਮਲਿਆਂ ਵਿੱਚ 82 ਬਿਆਸੀ ਫ਼ੀਸਦੀ ਦੀ ਕਮੀ ਦਰਜ ਕੀਤੀ ਗਈ। ਇਸ ਤਰ੍ਹਾਂ, ਲੰਮੇ ਸਮੇਂ ਤੋਂ ਆਪਣੇ ਅਧਿਕਾਰਾਂ ਤੋਂ ਵਾਂਝੀਆਂ ਰਹੀਆਂ ਔਰਤਾਂ ਨੂੰ ਕਾਨੂੰਨੀ ਸੁਰੱਖਿਆ ਮਿਲੀ।

--------------------------------------------------------

ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਅੱਜ ਚੰਡੀਗੜ੍ਹ ਵਿਖੇ ਸੂਚਨਾ ਦਾ ਅਧਿਕਾਰ ਐਕਟ, 2005 ਦੇ ਲਾਗੂ ਹੋਣ ਦੇ 21 ਸਾਲ ਪੂਰੇ ਹੋਣ ਮੌਕੇ ਸੂਚਨਾ ਦਾ ਅਧਿਕਾਰ ਦਿਵਸ ਮਨਾਉਣ ਲਈ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਜ਼ਿਕਰ ਯੋਗ ਏ ਕਿ ਸੂਚਨਾ ਦਾ ਅਧਿਕਾਰ ਐਕਟ, 2005 ਇੱਕ ਅਹਿਮ ਕਾਨੂੰਨ ਐ ਜਿਸ ਨੇ ਲੋਕਤੰਤਰੀ ਸ਼ਾਸਨ ਪ੍ਰਣਾਲੀ

ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਨਾਗਰਿਕ ਸਸ਼ਕਤੀਕਰਨ ਨੂੰ ਹੋਰ ਮਜ਼ਬੂਤ ਕੀਤਾ ਹੈ। ਇਸ ਸਮਾਗਮ ਮੌਕੇ ਪੰਜਾਬ ਦੇ ਮੁੱਖ ਸੂਚਨਾ ਕਮਿਸ਼ਨਰ ਇੰਦਰਪਾਲ ਸਿੰਘ ਧੰਨਾ ਦੀ ਸਰਪ੍ਰਸਤੀ ਹੇਠ ਪੰਜਾਬ ਦੇ ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਵੱਲੋਂ ਲਿਖੀ ਪੁਸਤਕ "RTI ਐਂਡ ਗੁਡ ਗਵਰਨੈਂਸ" ਨੂੰ ਜਾਰੀ ਕੀਤਾ ਗਿਆ। ਇਹ ਪੁਸਤਕ ਸੂਚਨਾ ਦਾ ਅਧਿਕਾਰ ਢਾਂਚੇ ਦੀ ਮਹੱਤਤਾ ਤੇ ਪਾਰਦਰਸ਼ੀ, ਜਵਾਬਦੇਹ ਅਤੇ ਜ਼ਿੰਮੇਵਾਰ ਪ੍ਰਸ਼ਾਸਨ ਨੂੰ ਉਤਸ਼ਾਹਿਤ ਕਰਨ ਵਿੱਚ ਇਸ ਦੀ ਭੂਮਿਕਾ ਨੂੰ ਸਮਰਪਿਤ ਏ । ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸੂਚਨਾ ਦਾ ਅਧਿਕਾਰ ਐਕਟ, 2005 ਨੇ ਸਰਕਾਰੀ ਕੰਮਕਾਜ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਦੇ ਨਾਲ-ਨਾਲ ਆਮ ਨਾਗਰਿਕਾਂ ਨੂੰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਸਸ਼ਕਤ ਕੀਤਾ ਏ ।

---

ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ' ਮੋਹਾਲੀ ਦੀਆਂ 17 ਮਹਿਲਾ ਕੈਡਿਟਾਂ ਨੇ ਐਨਡੀਏ ਦੀ ਲਿਖਤੀ ਪ੍ਰੀਖਿਆ ਪਾਸ ਕਰਕੇ ਰਾਸ਼ਟਰੀ ਪੱਧਰ 'ਤੇ ਵਡੀ ਉਪਲਬਧੀ ਹਾਸਿਲ ਕੀਤੀ ਏ । ਇਹ ਦੇਸ਼ ਦੀ ਕਿਸੇ ਵੀ ਸਰਕਾਰੀ ਸੰਸਥਾ ਵੱਲੋਂ ਐਨਡੀਏ ਪ੍ਰੀਖਿਆ ਪਾਸ ਕਰਨ ਵਾਲੀਆਂ ਮਹਿਲਾ ਕੈਡਿਟਾਂ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਗਿਣਤੀ ਏ। ਉਨ੍ਹਾਂ ਨੇ ਇਹ ਪ੍ਰੀਖਿਆ ਅਜਿਹੀ ਪ੍ਰਣਾਲੀ ਵਿੱਚ ਪਾਸ ਕੀਤੀ

ਏ ਜਿੱਥੇ ਐਨਡੀਏ ਦੀਆਂ ਕੁੱਲ ਸੀਟਾਂ ਵਿੱਚੋਂ ਸਿਰਫ਼ 6 ਫ਼ੀਸਦ ਸੀਟਾਂ ਹੀ ਲੜਕੀਆਂ ਲਈ ਰਾਖਵੀਆਂ ਹਨ, ਜਦਕਿ 94 ਫ਼ੀਸਦ ਸੀਟਾਂ ਲੜਕਿਆਂ ਲਈ ਰਾਖਵੀਆਂ ਹਨ। ਪੰਜਾਬ ਦੇ ਰੁਜ਼ਗਾਰ ਉੱਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ  ਅਮਨ ਅਰੋੜਾ ਨੇ ਕਿਹਾ ਕਿ ਇਹਨਾਂ ਨਤੀਜਿਆਂ ਨੇ ਲੜਕੀਆਂ ਨੂੰ ਹਥਿਆਰਬੰਦ ਬਲਾਂ ਵਿੱਚ ਕਰੀਅਰ ਬਣਾਉਣ ਦੇ ਸਮਰੱਥ ਬਣਾਉਣ ਵਿੱਚ ਦੇਸ਼ ਦੇ ਮੋਹਰੀ ਸੂਬੇ ਵਜੋਂ ਪੰਜਾਬ ਦੀ ਪਛਾਣ ਨੂੰ ਹੋਰ ਮਜ਼ਬੂਤ ਕੀਤਾ ਏ।

---------------------------------------------------------------

ਦੂਰਦਸ਼ਨ ਤੇ ਆਕਾਸ਼ਵਾਣੀ ਨਾਲ ਜੁੜੀ ਸੰਸਥਾ ਦਰਸ਼ਕ ਸਰੋਤਾ ਸੰਘ ਵੱਲੋਂ ਸਾਲਾਨਾ ਸਮਾਗਮ ਬੀਤੇ ਦਿਨੀ ਜਲੰਧਰ ਸਥਿਤ ਦੇਸ਼ ਭਗਤ ਯਾਦਗਾਰ ਹਾਲ ਵਿਖੇ ਕਰਵਾਇਆ ਗਿਆ। ਇਸ ਮੌਕੇ ਪੰਜਾਬੀ ਰਾਈਟਰਜ਼ ਕੋਆਪ੍ਰੇਟਿਵ ਸੁਸਾਇਟੀ ਲੁਧਿਆਣਾ ਦੇ ਪ੍ਰਧਾਨ ਡਾ. ਲਖਵਿੰਦਰ ਜੌਹਲ ਨੇ ਪ੍ਰੋਗਰਾਮ ਦੌਰਾਨ ਸੰਬੋਧਨ ਕਰਦਿਆਂ ਕਿਹਾ ਕਿ ਇਸ ਸਮਾਗਮ ਦਾ ਉਦੇਸ਼ ਦੂਰਦਰਸ਼ਨ ਤੇ ਆਕਾਸ਼ਵਾਣੀ ਨਾਲ ਜੁੜੇ ਦਰਸ਼ਕਾਂ ਦੀ ਸਾਂਝ ਨੂੰ ਮਜਬੂਤ ਕਰਨਾ ਏ। ਉਨ੍ਹਾਂ ਕਿਹਾ ਕਿ ਅਕਾਸ਼ਵਾਣੀ ਅਤੇ ਦੂਰਦਰਸ਼ਨ ਨੇ ਲੋਕਾਂ ਨੂੰ ਜਾਣਕਾਰੀ ਦੇਣ ਦੇ ਨਾਲ-ਨਾਲ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਪ੍ਰਚਾਰ ਤੇ ਪ੍ਰਸਾਰ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਇਆ ਏ।  ਸੰਸਥਾ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਮੀਤ ਸਿੰਘ ਖ਼ਾਨਪੁਰੀ ਨੇ ਸੰਘ ਬਾਰੇ ਦੱਸਿਆ

BYTE

ਸਮਾਗਮ ਦੌਰਾਨ ਦੂਰਦਰਸ਼ਨ ਦੇ ਸਾਬਕਾ ਡਿਪਟੀ ਡਾਇਰੈਕਟਰ ਜਨਰਲ ਓਮ ਗੌਰੀ ਦੱਤ ਸ਼ਰਮਾ, ਸਮੇਤ ਹੋਰ ਸ਼ਖ਼ਸੀਅਤਾਂ ਨੇ ਅਕਾਸ਼ਵਾਣੀ ਅਤੇ ਦੂਰਦਰਸ਼ਨ ਨਾਲ ਲੰਬੇ ਸਮੇਂ ਤੋਂ ਬਣੀ ਸਾਂਝ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਸੰਸਥਾ ਨੇ ਰੇਡੀਓ ਅਤੇ ਦੂਰਦਰਸ਼ਨ ਦੇ ਖੇਤਰ ਵਿੱਚ ਸੇਵਾਵਾਂ ਨਿਭਾਉਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ । ਸਮਾਗਮ ਦੌਰਾਨ ਸਕੂਲ ਦੇ ਬੱਚਿਆਂ ਵੱਲੋਂ ਸੱਭਿਆਚਾਰਕ ਪੇਸ਼ਕਾਰੀ ਵੀ ਕੀਤੀ ਗਈ।

---------------------------------------------------------

ਮੌਸਮ ਵਿਭਾਗ ਨੇ ਅਗਲੇ ਤਿੰਨ ਦਿਨਾਂ ਦੌਰਾਨ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਵੱਖ-ਵੱਖ ਹਿੱਸਿਆਂ ਵਿੱਚ ਗਰਜ-ਚਮਕ ਨਾਲ ਤੇਜ਼ ਹਵਾਵਾਂ ਚਲਣ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ। ਇਸ ਦੌਰਾਨ, ਪੰਜਾਬ ਦੇ ਕਈ ਹਿੱਸਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਵੀ ਸੰਭਾਵਨਾ ਏ। ਪਿਛਲੇ 24 ਘੰਟਿਆਂ ਵਿੱਚ, ਜਲੰਧਰ, ਪਠਾਨਕੋਟ, ਗੁਰਦਾਸਪੁਰ, ਫਿਰੋਜ਼ਪੁਰ ਅਤੇ ਅੰਮ੍ਰਿਤਸਰ ਸਮੇਤ ਸੂਬੇ ਦੇ ਕਈ ਜ਼ਿਲ੍ਹਿਆਂ ਵਿੱਚ ਮੀਂਹ ਪੈਣ ਕਾਰਨ, ਮੌਸਮ 'ਚ ਤਬਦੀਲੀ ਆਈ ਏ।

ਅੱਜ ਪੰਜਾਬ ਦੇ ਰੋਪੜ ਵਿੱਚ ਵੱਧ ਤੋਂ ਵੱਧ ਤਾਪਮਾਨ 32.2 ਡਿਗਰੀ ਸੈਲਸੀਅਸ, ਹਰਿਆਣਾ ਦੇ ਮਹਿੰਦਰਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ

33.3 ਡਿਗਰੀ ਸੈਲਸੀਅਸ ਅਤੇ ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 32.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

-------------------------------------------------

ਜਾਪਾਨ ਵਿੱਚ ਪਿछਲੇ ਮਹੀਨੇ ਹੋਈਆਂ ਏਸ਼ਿਆਈ ਖੇਡਾਂ ਵਿੱਚ ਦੋ ਕਾਂਸੀ ਦੇ ਤਮਗੇ ਜਿੱਤਣ ਵਾਲੀ ਪੰਜਾਬ ਦੀ ਸ਼ਾਟਗੰਨ ਨਿਸ਼ਾਨੇਬਾਜ਼ ਪਰੀਨਾਜ਼ ਕੌਰ ਧਾਲੀਵਾਲ ਦਾ ਅੱਜ ਪਟਿਆਲਾ ਖੇਡ ਵਿਭਾਗ ਅਤੇ ਵਿਧਾਇਕ ਗੁਰਲਾਲ ਸਿੰਘ ਘਨੌਰ ਨੇ ਵਿਸ਼ੇਸ਼ ਸਨਮਾਨ ਕੀਤਾ। ਵਿਧਾਇਕ  ਨੇ ਕਿਹਾ ਕਿ ਪਟਿਆਲਾ ਦੀ ਧੀ ਨੇ ਪੰਜਾਬ ਦੇ ਨਾਲ-ਨਾਲ ਦੇਸ਼ ਦਾ ਨਾਮ ਵੀ ਰੌਸ਼ਨ ਕੀਤਾ ਏ । ਉਨ੍ਹਾਂ ਉਮੀਦ ਜਤਾਈ ਕਿ ਪਰੀਨਾਜ਼ ਭਵਿੱਖ ਵਿੱਚ ਓਲੰਪਿਕ ਖੇਡਾਂ ਵਿੱਚ ਵੀ ਤਗ਼ਮਾ ਜਿੱਤ ਕੇ ਦੇਸ਼ ਦਾ ਮਾਣ ਵਧਾਏਗੀ। ਇਸ ਮੌਕੇ ਪਰੀਨਾਜ਼ ਧਾਲੀਵਾਲ ਨੇ ਏਸ਼ਿਆਈ ਖੇਡਾਂ ਦੀ ਤਿਆਰੀ ਲਈ ਸਾਲ 2023 ਵਿੱਚ ਪੰਜਾਬ ਸਰਕਾਰ ਵੱਲੋਂ ਦਿੱਤੀ ਗਈ 8 ਲੱਖ ਰੁਪਏ ਦੀ ਵਿੱਤੀ ਮਦਦ ਦੇਣ ’ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।

-------------------------------------------------

---

- ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੇ ਪੰਜਾਬ ਅਤੇ ਚੰਡੀਗੜ੍ਹ ਸਮੇਤ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਅਪੀਲ ਕੀਤੀ ਏ ਕਿ ਉਹ, ਸਿਹਤ ਕੇਂਦਰਾਂ ਵਲੋਂ ਸੇਵਾਵਾਂ ਅਤੇ

ਸਹੂਲਤਾਂ ਲਈ ਚਾਰਜ ਕੀਤੀਆਂ ਜਾਣ ਵਾਲੀਆਂ ਦਰਾਂ ਨੂੰ ਦਰਸਾਉਣਾ ਯਕੀਨੀ ਬਣਾਉਣ।

- ਪੰਜਾਬ ਵਿੱਚ ਵਿਸ਼ੇਸ਼ ਤੀਬਰ ਸੋਧ ਸੁਧਾਈ-SIR-2026 ਮੁਕੰਮਲ-ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਪ੍ਰਕਾਸ਼ਿਤ ਹੋਈਆਂ।

- ਪੰਜਾਬ ਸਰਕਾਰ ਵਲੋਂ ਪਹੁੰਚ ਤੋਂ ਦੂਰ ਵਾਲੇ ਇਲਾਕਿਆਂ ਵਿੱਚ ਮੱਛਰਾਂ ਦੇ ਲਾਰਵੇ ਨੂੰ ਨਸ਼ਟ ਕਰਨ ਲਈ ਉੱਨਤ ਡਰੋਨਾਂ ਦੀ ਵਰਤੋਂ ਦੀ ਸ਼ੁਰੂਆਤ।

- ਪੰਜਾਬ ਰਾਜ ਸੂਚਨਾ ਕਮਿਸ਼ਨ ਵੱਲੋਂ ਅੱਜ ਚੰਡੀਗੜ੍ਹ ਵਿਖੇ ਸੂਚਨਾ ਦਾ ਅਧਿਕਾਰ ਦਿਵਸ ਮਨਾਉਣ ਲਈ ਵਿਸ਼ੇਸ਼ ਸਮਾਗਮ ਦਾ ਆਯੋਜਨ।

- ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ' ਮੋਹਾਲੀ ਦੀਆਂ 17 ਮਹਿਲਾ ਕੈਡਿਟਾਂ ਨੇ ਐਨਡੀਏ ਦੀ ਲਿਖਤੀ ਪ੍ਰੀਖਿਆ ਪਾਸ ਕਰਕੇ ਵੱਡੀ ਉਪਲਬਧੀ ਹਾਸਿਲ ਕੀਤੀ।

- ਪਟਿਆਲਾ ਖੇਡ ਵਿਭਾਗ ਵੱਲੋਂ ਏਸ਼ਿਆਈ ਖੇਡਾਂ ਵਿੱਚ ਦੋ ਕਾਂਸੀ ਦੇ ਤਮਗੇ ਜਿੱਤਣ ਵਾਲੀ ਨਿਸ਼ਾਨੇਬਾਜ਼ ਪਰੀਨਾਜ਼ ਧਾਲੀਵਾਲ ਦਾ ਸਨਮਾਨ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਰਾਤ ਸਾਢੇ 8 ਵਜੇ ਹੋਏਗਾ |**

**ਨਮਸ੍ਕਾਰ**